# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :30-01-2026**

ਦੇਸ਼ ਅੱਜ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 78ਵੀਂ ਬਰਸੀ ਤੇ ਸ਼ਹੀਦੀ ਦਿਵਸ ਸਮਾਰੋਹ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ। ਇਸ ਮੌਕੇ, ਨਵੀਂ ਦਿੱਲੀ ਦੇ ਰਾਜਘਾਟ ਸਥਿਤ ਗਾਂਧੀ ਸਮਾਧੀ ਵਿਖੇ ਸਰਵ-ਧਰਮ ਪ੍ਰਾਰਥਨਾ ਕਰਵਾਈ ਗਈ। ਰਾਸ਼ਟਰਪਤੀ ਦਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਾਜਘਾਟ ਵਿਖੇ ਪੁੱਜ ਕੇ ਮਹਾਤਮਾ ਗਾਂਧੀ ਦੇ ਸਮਾਰਕ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਹਰ ਸਾਲ 30 ਜਨਵਰੀ ਨੂੰ, ਦੇਸ਼ ਮਹਾਤਮਾ ਗਾਂਧੀ ਦੇ ਜੀਵਨ ਤੇ ਵਿਰਾਸਤ ਦਾ ਸਨਮਾਨ ਕਰਦਾ ਏ, ਜੋ ਦੇਸ਼ ਦੇ ਆਜ਼ਾਦੀ ਸੰਘਰਸ਼ ਦੇ ਮਾਰਗਦਰਸ਼ਕ ਸਨ। ਇਸ ਦਿਨ ਨੂੰ ਸ਼ਹੀਦ ਦਿਵਸ ਜਾਂ ਬਲੀਦਾਨ ਦਿਵਸ ਵਜੋਂ ਵੀ ਮਨਾਇਆ ਜਾਂਦਾ ਏ , ਤਾਂ ਜੋ ਭਾਰਤ ਦੀ ਆਜ਼ਾਦੀ ਤੇ ਏਕਤਾ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਸਾਰੇ ਆਜ਼ਾਦੀ ਘੁਲਾਟੀਆਂ ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾ ਸਕੇ।

---

ਅੱਜ ਸ਼ਹੀਦ ਦਿਵਸ ਮੌਕੇ ਫ਼ਰੀਦਕੋਟ ਵਿਖੇ ਸੁਤੰਤਰਤਾ ਸੰਗਰਾਮ ਦੌਰਾਨ ਆਪਣੀਆਂ ਜਾਨਾਂ ਵਾਰਨ ਵਾਲੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਜ਼ਿਲਾ ਪ੍ਰਸ਼ਾਸਨ ਵਲੋਂ ਸ਼ਰਧਾਂਜਲੀ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ  ਪੂਨਮਦੀਪ ਕੌਰ ਨੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੀ ਤਸਵੀਰ ’ਤੇ ਫ਼ੁੱਲ ਭੇਟ ਕਰਦਿਆਂ ਕਿਹਾ ਕਿ ਦੇਸ਼ ਭਗਤਾਂ ਦੀ ਕੁਰਬਾਨੀਆਂ ਸਦਕਾ ਹੀ ਅੱਜ ਅਸੀ ਆਜ਼ਾਦੀ ਦਾ ਆਨੰਦ ਮਾਣ ਰਹੇ ਹਾਂ। ਉਨਾਂ ਕਿਹਾ ਕਿ ਸਾਨੂੰ ਆਪਣੇ ਸ਼ਹੀਦਾਂ ਤੋਂ ਪ੍ਰੇਰਣਾ ਲੈਂਦਿਆਂ ਆਪਣੇ ਦੇਸ਼ ਦੀ ਤਰੱਕੀ ਲਈ ਪੂਰੀ ਇਮਾਨਦਾਰੀ ਤੇ ਮਿਹਨਤ ਨਾਲ ਯਤਨ ਕਰਨੇ ਚਾਹੀਦੇ ਨੇ  ਤਾਂ ਜੋ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕੀਤਾ ਜਾ ਸਕੇ। ਸਮਾਰੋਹ ਵਿਚ ਅਧਿਕਾਰੀਆਂ ਤੇ ਕਰਮਚਾਰੀਆਂ ਵਲੋਂ ਸ਼ਹੀਦਾਂ ਦੀ ਯਾਦ ਵਿਚ 2 ਮਿੰਟ ਦਾ ਮੋਨ ਧਾਰ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਤੇ ਪੁਲਿਸ ਦੀ ਟੁੱਕੜੀ ਵੱਲੋਂ ਸਾਲਾਮੀ ਵੀ ਦਿੱਤੀ ਗਈ।

-----------------------------------------------------

ਸ੍ਰੀ ਗੁਰੂ ਰਵਿਦਾਸ ਜੀ ਦੇ ਸੰਦੇਸ਼ ਨੂੰ ਅਗਲੀਆਂ ਪੀੜ੍ਹੀਆਂ ਤੱਕ ਲਿਜਾਣ ਤੇ ਉਹਨਾਂ ਦੀਆਂ ਸਿੱਖਿਆਵਾਂ ਦੇ ਪਸਾਰ ਲਈ ਪੰਜਾਬ ਸਰਕਾਰ ਵਲੋਂ ਇਕ ਇਤਿਹਾਸਕ ਫੈਸਲੇ ਤਹਿਤ ਜਲੰਧਰ ਜ਼ਿਲ੍ਹੇ ਵਿਚ ਡੇਰਾ ਬੱਲਾਂ

ਨਜ਼ਦੀਕ ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਸੈਂਟਰ ਬਣਾਇਆ ਜਾਵੇਗਾ। ਇਸ ਬਾਰੇ ਜਾਣਕਾਰੀ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਦੇਸ਼ ਭਰ ਵਿੱਚ ਇਹ ਆਪਣੇ ਆਪ ਵਿੱਚ ਇੱਕ ਵਿਸ਼ੇਸ਼ ਉਪਰਾਲਾ ਏ, ਜਿਸ ਲਈ ਪੰਜਾਬ ਸਰਕਾਰ ਨੇ ਸਾਢੇ 10 ਕਰੋੜ ਰੁਪਏ ਦੀ ਲਾਗਤ ਨਾਲ 9 ਏਕੜ ਤੋਂ ਵੱਧ ਜ਼ਮੀਨ ਅਧਿਐਨ ਸੈਂਟਰ ਦੇ ਨਾਂ ਦਰਜ ਕੀਤੀ ਏ। ਉਹਨਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ ਦਾ ਉਦੇਸ਼ ਸੈਮੀਨਾਰਾਂ, ਪ੍ਰਕਾਸ਼ਨਾਂ ਤੇ ਭਾਈਚਾਰੇ ਅਧਾਰਿਤ ਪ੍ਰੋਗਰਾਮਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਦੀ ਖੋਜ, ਸੰਭਾਲ ਤੇ ਪ੍ਰਚਾਰ ਕਰਨਾ ਏ। ਉਨ੍ਹਾਂ ਅੱਗੇ ਕਿਹਾ ਕਿ ਇਹ ਕੇਂਦਰ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਨਾਦਾਇਕ ਬੁੱਧੀ ਦੀ ਰੋਸ਼ਨੀ ਵਜੋਂ ਕੰਮ ਕਰੇਗਾ। ਇਸੇ ਦੌਰਾਨ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਤੇ ਲਾਲ ਚੰਦ ਕਟਾਰੂਚੱਕ ਨੇ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਜਲੰਧਰ ਦੇ ਰੇਲਵੇ ਸਟੇਸ਼ਨ ਤੋਂ ਬਨਾਰਸ ਲਈ ਸ਼ਰਧਾਲੂਆਂ ਦੀ ਰੇਲ ਗੱਡੀ ਨੂੰ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਲੋਕ ਸਭਾ ਮੈਂਬਰ ਰਾਜ ਕੁਮਾਰ ਚੱਬੇਵਾਲ, ਵਿਧਾਇਕ ਡਾ. ਇਸ਼ਾਂਕ ਕੁਮਾਰ, ਸਾਬਕਾ ਮੰਤਰੀ ਬਲਕਾਰ ਸਿੰਘ, ਮੁਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਤੇ ਪੰਜਾਬ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਪਵਨ ਕੁਮਾਰ ਟੀਨੂੰ ਵੀ ਮੌਜੂਦ ਸਨ।

---

ਗੈਂਗਸਟਰਾਂ ‘ਤੇ ਵਾਰ’ ਮੁਹਿੰਮ ਦੇ 10ਵੇਂ ਦਿਨ ਪੰਜਾਬ ਪੁਲਿਸ ਨੇ ਸੂਬੇ ਭਰ ਵਿਚ ਗੈਂਗਸਟਰਾਂ ਦੇ ਸਾਥੀਆਂ ਨਾਲ ਸਬੰਧਤ 765 ਟਿਕਾਣਿਆਂ ’ਤੇ ਛਾਪੇਮਾਰੀਆਂ ਕੀਤੀਆਂ। ਪੁਲਿਸ ਟੀਮਾਂ ਨੇ 576 ਵਿਅਕਤੀਆਂ ਦੀ ਜਾਂਚ ਕੀਤੀ, ਜਿਨ੍ਹਾਂ ਵਿੱਚੋਂ 157 ਨੂੰ ਗ੍ਰਿਫ਼ਤਾਰ ਕੀਤਾ ਗਿਆ ਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਹਥਿਆਰ ਬਰਾਮਦ ਕੀਤੇ ਗਏ ।160 ਵਿਅਕਤੀਆਂ ਵਿਰੁੱਧ ਰੋਕਥਾਮ ਕਾਰਵਾਈ ਕੀਤੀ ਗਈ ਤੇ 259 ਵਿਅਕਤੀਆਂ ਦੀ ਤਸਦੀਕ ਕੀਤੀ ਗਈ ਤੇ ਪੁੱਛਗਿੱਛ ਤੋਂ ਬਾਅਦ ਉਨ੍ਹਾਂ ਨੂੰ ਛੱਡ ਦਿੱਤਾ ਗਿਆ।

---

ਸਿਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਏ ਕਿ ਸੂਬੇ ਭਰ ਵਿਚ 15 ਸਰਕਾਰੀ ਸਕੂਲਾਂ ਦੇ ਨਾਂ ਆਜ਼ਾਦੀ ਘੁਲਾਟੀਆਂ ਤੇ ਸ਼ਹੀਦਾਂ ਦੇ ਨਾਂ ’ਤੇ ਰੱਖਣ ਦਾ ਫੈਸਲਾ ਕੀਤਾ ਗਿਆ ਏ। ਉਨ੍ਹਾਂ ਦੱਸਿਆ ਕਿ ਸਕੂਲ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਨੇ ਕਿ ਇਨ੍ਹਾਂ ਮਹਾਨ ਸ਼ਖ਼ਸੀਅਤਾਂ ਦੇ ਜੀਵਨ ਤੇ ਯੋਗਦਾਨ ਨੂੰ ਉਨ੍ਹਾਂ ਦੀਆਂ ਤਸਵੀਰਾਂ ਸਮੇਤ ਸਕੂਲਾਂ ਵਿੱਚ ਪ੍ਰਦਰਸ਼ਿਤ ਕੀਤਾ ਜਾਵੇ ਤਾਂ ਜੋ ਵਿਦਿਆਰਥੀਆਂ ਨੂੰ ਕਦਰਾਂ-ਕੀਮਤਾਂ ’ਤੇ ਆਧਾਰਿਤ ਸਿੱਖਿਆ ਪ੍ਰਦਾਨ ਕੀਤੀ ਜਾ ਸਕੇ ਤੇ

ਉਨ੍ਹਾਂ ਦੇ ਚਰਿੱਤਰ ਨੂੰ ਹੋਰ ਨਿਖਾਰ ਕੇ ਮਜ਼ਬੂਤ ਕੀਤਾ ਜਾ ਸਕੇ। ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਵਿਦਿਆਰਥੀਆਂ ਦੇ ਰੋਜ਼ਾਨਾ ਜੀਵਨ ਵਿੱਚ ਕੁਰਬਾਨੀ ਤੇ ਬਹਾਦਰੀ ਦੀਆਂ ਕਹਾਣੀਆਂ ਦੀ ਸਾਂਝ ਪੈਦਾ ਕਰਨਾ ਤੇ ਸਕੂਲ ਦੀ ਪਛਾਣ ਨੂੰ ਦੇਸ਼ ਦੇ ਮਹਾਨ ਨਾਇਕਾਂ ਪ੍ਰਤੀ ਸੱਚੀ ਸ਼ਰਧਾਂਜਲੀ ਵਜੋਂ ਪੇਸ਼ ਕਰਨਾ ਏ। ਉਨ੍ਹਾਂ ਕਿਹਾ ਕਿ ਸਾਡੇ ਸਕੂਲ ਸਿੱਖਿਆ ਦੇ ਮੰਦਰ ਨੇ ਜੋ ਪੰਜਾਬ ਤੇ ਭਾਰਤ ਦੇ ਭਵਿੱਖ ਨੂੰ ਆਕਾਰ ਦਿੰਦੇ ਨੇ।

---------------------------------------------------------

ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਜਲੰਧਰ ਸ਼ਹਿਰ ਦੇ ਸ੍ਰੀ ਗੁਰੂ ਰਵਿਦਾਸ ਚੌਕ ਦੇ ਨਵੀਨੀਕਰਨ ਤੇ ਸੁੰਦਰੀਕਰਨ ਦੇ ਕੰਮ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨਾਲ ਮੇਅਰ ਵਿਨੀਤ ਧੀਰ ਵੀ ਮੌਜੂਦ ਸਨ। ਇਸ ਮੌਕੇ ਕੈਬਨਿਟ ਮੰਤਰੀ ਨੇ ਸੂਬਾ ਤੇ ਦੇਸ਼ ਵਾਸੀਆਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਉਤਸਵ ਦੀ ਵਧਾਈ ਦਿੰਦਿਆਂ ਕਿਹਾ ਕਿ ਸਤਿਗੁਰੂ ਰਵਿਦਾਸ ਧਾਮ ਬੂਟਾ ਮੰਡੀ ਵਿਖੇ ਵੱਡੀ ਗਿਣਤੀ ਵਿੱਚ ਦੇਸ਼-ਵਿਦੇਸ਼ ਤੋਂ ਸੰਗਤਾਂ ਨਤਮਸਤਕ ਹੋਣ ਲਈ ਆਉਂਦੀਆਂ ਨੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਚੌਕ ਦੇ ਸੁੰਦਰੀਕਰਨ ਦਾ ਕੰਮ ਲਗਭਗ ਮੁਕੰਮਲ ਹੋ ਚੁੱਕਾ ਏ। ਉਨ੍ਹਾਂ ਕਿਹਾ ਕਿ ਇਹ ਚੌਕ

ਸ਼ਹਿਰ ਵਾਸੀਆਂ ਦੇ ਨਾਲ-ਨਾਲ ਦੇਸ਼-ਵਿਦੇਸ਼ ਤੋਂ ਆਉਣ ਵਾਲੀਆਂ ਸੰਗਤਾਂ ਲਈ ਭਾਰੀ ਖਿੱਚ ਦਾ ਕੇਂਦਰ ਹੋਵੇਗਾ।

---------------------------------------------------------

ਜਿਲ੍ਹਾ ਫਰੀਦਕੋਟ ਵਿਚ ਗਾਵਾਂ ਨੂੰ ਲੰਪੀ ਸਕਿੰਨ ਬਿਮਾਰੀ ਤੋਂ ਬਚਾਉਣ ਲਈ ਟੀਕਾਕਰਨ ਮੁਹਿੰਮ 2 ਫਰਵਰੀ ਤੋਂ ਸ਼ੁਰੂ ਕੀਤੀ ਜਾ ਰਹੀ ਏ। ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਪਸ਼ੂ ਪਾਲਣ ਵਿਭਾਗ ਨੂੰ ਇਹ ਵੈਕਸੀਨ ਹਰ ਗਊਧੰਨ ਨੂੰ ਲਗਾਉਣਾ ਯਕੀਨੀ ਬਣਾਉਣ ਲਈ ਕਿਹਾ। ਇਸ ਸਬੰਧੀ ਪਸ਼ੂ ਪਾਲਣ ਵਿਭਾਗ ਫਰੀਦਕੋਟ ਦੇ ਡਿਪਟੀ ਡਾਇਰੈਕਟਰ ਡਾ. ਸੁਰਜੀਤ ਸਿੰਘ ਮੱਲ ਨੇ ਦੱਸਿਆ ਕਿ ਜਿਲ੍ਹੇ ਵਿੱਚ ਸਮੁੱਚੇ ਪਸ਼ੂਆਂ ਨੂੰ ਟੀਕਾਕਰਨ ਕਰਨ ਹਿੱਤ ਵੈਕਸੀਨ ਦੀਆਂ 70000 ਖੁਰਾਕਾਂ ਜਿਲ੍ਹੇ ਨੂੰ ਪ੍ਰਾਪਤ ਹੋ ਚੁੱਕੀਆਂ ਨੇ ਤੇ ਵੱਖ-ਵੱਖ ਪਸ਼ੂ ਹਸਪਤਾਲਾਂ ਤੇ ਡਿਸਪੈਂਸਰੀਆਂ ਨੂੰ ਇਹ ਵੈਕਸੀਨ ਉਨਾਂ ਦੇ ਇਲਾਕੇ ਦੀ ਲੋੜ ਅਨੁਸਾਰ ਵੰਡੀ ਜਾ ਚੁੱਕੀ ਏ। ਟੀਕਾਕਰਨ ਮੁਹਿੰਮ 28 ਫਰਵਰੀ ਨੂੰ ਖਤਮ ਹੋਵੇਗੀ ਤੇ ਇਸ ਕੰਮ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਜਿਲ੍ਹੇ ਅੰਦਰ 32 ਟੀਮਾਂ ਦਾ ਗਠਨ ਕੀਤਾ ਗਿਆ ਏ।